ਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ
ਪ੍ਰੈਸ ਨੋਟ ਨੰ: 1

**ਕਰਫ਼ਿਊ ਦੌਰਾਨ 9.00 ਵਜੇ ਤੋਂ 2.00 ਵਜੇ ਤੱਕ ਲੋਕ ਪੈਨਸ਼ਨਾਂ ਦੇ ਪੈਸੇ ਕਾਮਨ ਸਰਵਿਸ ਸੈਂਟਰਾਂ ਤੋਂ ਕਢਵਾ ਸਕਦੇ ਹਨ- ਜ਼ਿਲ੍ਹਾ ਮੈਜਿਸਟਰੇਟ**

**ਬੈਂਕਾਂ ਵਿਚ ਭੀੜ ਨੂੰ ਰੋਕਣ ਲਈ ਜ਼ਿਲ੍ਹੇ ਦੇ 44 ਕਾਮਨ ਸਰਵਿਸ ਸੈਂਟਰਾਂ ਨੂੰ ਖੋਲ੍ਹਣ ਦੀ ਦਿੱਤੀ ਪਰਮਿਸ਼ਨ**

ਫ਼ਿਰੋਜ਼ਪੁਰ 11 ਅਪ੍ਰੈਲ ( ) ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਲੋਕ ਪੈਨਸ਼ਨਾਂ ਦੇ ਪੈਸੇ ਕਢਵਾਉਣ ਲਈ ਲਗਾਤਾਰ ਬੈਂਕਾਂ ਵਿਚ ਆ ਰਹੇ ਹਨ, ਇਸ ਨਾਲ ਇੱਕ ਤਾਂ ਜਿੱਥੇ ਬੈਂਕਾਂ ਵਿਚ ਭੀੜ ਪੈਣ ਦਾ ਡਰ ਹੈ ਉੱਥੇ ਹੀ ਲੋਕਾਂ ਨੂੰ ਆਪਣੇ ਪਿੰਡਾਂ ਤੋਂ ਦੂਰ ਸ਼ਹਿਰ ਵਿਚ ਆਉਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਦੇ ਪ੍ਰਭਾਵ ਨੂੰ ਰੋਕਣ ਲਈ ਲਗਾਏ ਕਰਫ਼ਿਊ ਦੌਰਾਨ ਲੋਕ ਪਿੰਡਾਂ ਵਿਚ ਸਥਾਪਿਤ ਕਾਮਨ ਸਰਵਿਸ ਸੈਂਟਰਾਂ ਤੋਂ ਹੀ ਪੈਨਸ਼ਨ ਕਢਵਾ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਕਾਮਨ ਸਰਵਿਸ ਸੈਂਟਰ ਸਵੇਰੇ 9.00 ਵਜੇ ਤੋਂ ਦੁਪਹਿਰ 2.00 ਵਜੇ ਤੱਕ ਖੋਲੇ ਜਾਣਗੇ ਅਤੇ ਜਿਸ ਲਾਭਪਾਤਰੀ ਨੇ ਵੀ ਆਪਣੀ ਪੈਨਸ਼ਨ ਦੇ ਪੈਸੇ ਕਢਵਾਉਣੇ ਹਨ ਤਾਂ ਉਹ ਆਪਣੇ ਨਜ਼ਦੀਕੀ ਕਾਮਨ ਸਰਵਿਸ ਸੈਂਟਰ ਵਿਚ ਜਾ ਕੇ ਪੈਨਸ਼ਨ ਦੇ ਪੈਸੇ ਲੈ ਸਕਦਾ ਹੈ।
ਜ਼ਿਲ੍ਹਾ ਮੈਨੇਜਰ ਕਾਮਨ ਸਰਵਿਸ ਸੈਂਟਰ ਪਵਨ ਅਰੋੜਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਸਮੂਹ ਕਾਮਨ ਸਰਵਿਸ ਸੈਂਟਰਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਜਾਰੀ ਨਿਯਮਾਂ ਮੁਤਾਬਿਕ ਹੀ ਸੈਂਟਰਾਂ ਵਿਚ ਕੰਮ ਕਰਨਗੇ ਅਤੇ ਸੋਸ਼ਲ ਡਿਸਟੈਂਸਿੰਗ ਨੂੰ ਵੀ ਬਣਾਈ ਰੱਖਣਗੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਦੇ ਸੈਂਟਰ ਦਾ ਲਾਇਸੰਸ ਰੱਦ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੈਨਸ਼ਨ ਕਢਵਾਉਂਦੇ ਸਮੇਂ ਸਰਕਾਰ ਵੱਲੋਂ ਜਾਰੀ ਨਿਯਮਾਂ ਅਤੇ ਸਾਵਧਾਨੀਆਂ ਦੀ ਪਾਲਨਾ ਕਰਨ, ਸੋਸ਼ਲ ਡਿਸਟੈਂਸਿੰਗ ਬਣਾ ਕੇ ਰੱਖਣ ਅਤੇ ਕੋਈ ਵੀ ਇਹੋ ਜਿਹਾ ਕੰਮ ਨਾ ਕਰਨ ਜਿਸ ਨਾਲ ਨਿਯਮਾਂ ਦੀ ਉਲੰਘਣਾ ਹੋਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫਿਰੋਜ਼ਪੁਰ
ਪ੍ਰੈਸ ਨੋਟ ਨੰ: 2

ਜ਼ਿਲ੍ਹੇ ਅੰਦਰ ਕਣਕ ਦੀ ਖ਼ਰੀਦ ਲਈ 200 ਦਾਣਾ ਮੰਡੀਆਂ ਸਥਾਪਿਤ, ਪਹਿਲੇ ਪੜਾਅ ਵਿੱਚ ਇੱਕ ਤਿਹਾਈ ਕਿਸਾਨਾਂ ਨੂੰ ਮਿਲਣਗੇ ਕਰਫ਼ਿਊ ਪਾਸ:- ਡਿਪਟੀ ਕਮਿਸ਼ਨਰ
ਕਿਹਾ, ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਧਿਆਨ ਵਿਚ ਰੱਖਦਿਆਂ ਮੰਡੀਆਂ ਵਿਚ ਖ਼ਰੀਦ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਲਈ ਕੀਤੇ ਗਏ ਹਨ ਵਿਸ਼ੇਸ਼ ਪ੍ਰਬੰਧ
ਹਰ ਤਿੰਨ ਪਿੰਡਾਂ ਲਈ ਬਣਾਈ ਗਈ ਹੈ ਇੱਕ ਦਾਣਾ ਮੰਡੀ, ਸੋਸ਼ਲ ਡਿਸਟੈਂਸਿੰਗ ਦੀ ਮਾਰਕੀਟਿੰਗ ਦੇ ਅੰਦਰ ਹੋਵੇਗੀ ਖ਼ਰੀਦ
ਫਿਰੋਜ਼ਪੁਰ, 11 ਅਪ੍ਰੈਲ-
ਕਣਕ ਦੀ ਖ਼ਰੀਦ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸ੍ਰ.ਕੁਲਵੰਤ ਸਿੰਘ ਸ਼ਨੀਵਾਰ ਨੂੰ ਜ਼ਿਲ੍ਹੇ ਦੀਆਂ ਦਾਣਾ ਮੰਡੀਆਂ ਵਿਚ ਚੱਲ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਪਹੁੰਚੇ। ਤਲਵੰਡੀ ਭਾਈ ਦੀ ਦਾਣਾ ਮੰਡੀ ਵਿਖੇ ਤਿਆਰੀਆਂ ਨੂੰ ਪੂਰਾ ਕਰਨ ਲਈ ਉਨ੍ਹਾਂ ਨੇ ਮੰਡੀ ਬੋਰਡ ਦੇ ਅਧਿਕਾਰੀਆਂ, ਮਾਰਕੀਟ ਕਮੇਟੀ ਦੇ ਅਧਿਕਾਰੀਆਂ ਅਤੇ ਆੜ੍ਹਤੀਆਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਦੱਸਿਆ ਕਿ ਇਸ ਵਾਰ ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਧਿਆਨ ਵਿੱਚ ਰੱਖਦਿਆਂ ਕਣਕ ਦੀ ਖ਼ਰੀਦ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਖ਼ਰੀਦ ਦੌਰਾਨ ਸੋਸ਼ਲ ਡਿਸਟੈਂਸਿੰਗ ਦਾ ਪੂਰਾ ਧਿਆਨ ਰੱਖਿਆ ਜਾਵੇਗਾ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਣਕ ਦੀ ਖ਼ਰੀਦ ਲਈ ਜ਼ਿਲ੍ਹੇ ਵਿੱਚ 68 ਨਵੀਆਂ ਦਾਣਾ ਮੰਡੀਆਂ ਖੋਲ੍ਹੀਆਂ ਗਈਆਂ ਹਨ, ਜਿਨ੍ਹਾਂ ਵਿੱਚ ਕੁੱਲ ਮੰਡੀਆਂ ਦੀ ਗਿਣਤੀ 199 ਹੋ ਗਈ ਹੈ ਜਦੋਂ ਕਿ ਜ਼ਿਲ੍ਹੇ ਵਿੱਚ ਕੁੱਲ 650 ਪਿੰਡ ਹਨ। ਹਰ ਤਿੰਨ ਤੋਂ ਚਾਰ ਪਿੰਡਾਂ ਲਈ ਇੱਕ ਮੰਡੀ ਦੀ ਵਿਵਸਥਾ ਹੋਵੇਗੀ। ਉਨ੍ਹਾਂ ਦੱਸਿਆ ਕਿ ਖ਼ਰੀਦ ਪ੍ਰਕਿਰਿਆ ਨੂੰ ਪੜਾਅ ਵਾਰ ਪੂਰਾ ਕੀਤਾ ਜਾਵੇਗਾ। ਪਹਿਲੇ ਪੜਾਅ ਵਿਚ ਇੱਕ ਤਿਹਾਈ ਕਿਸਾਨਾਂ ਨੂੰ ਕਰਫ਼ਿਊ ਪਾਸ ਜਾਰੀ ਕੀਤੇ ਜਾਣਗੇ, ਜਿਸ ਦੌਰਾਨ ਉਹ ਆਪਣੀਆਂ ਫ਼ਸਲਾਂ ਮੰਡੀਆਂ ਵਿਚ ਲੈ ਕੇ ਆਉਣਗੇ। ਲਿਫ਼ਟਿੰਗ 48 ਘੰਟਿਆਂ ਵਿਚ ਯਕੀਨੀ ਬਣਾਈ ਜਾਵੇਗੀ ਅਤੇ ਇਸ ਤੋਂ ਬਾਅਦ ਦੂਜੇ ਪੜਾਅ ਵਿਚ ਇੱਕ ਤਿਹਾਈ ਕਿਸਾਨਾਂ ਅਤੇ ਫਿਰ ਤੀਜੇ ਪੜਾਅ ਵਿਚ ਇੱਕ ਤਿਹਾਈ ਕਿਸਾਨਾਂ ਨੂੰ ਕਰਫ਼ਿਊ ਪਾਸ ਜਾਰੀ ਕਰਕੇ ਉਨ੍ਹਾਂ ਦੀ ਫ਼ਸਲ ਖ਼ਰੀਦੀ ਜਾਵੇਗੀ। ਇਹ ਸਾਰੀ ਪ੍ਰਕਿਰਿਆ ਮੰਡੀਆਂ ਵਿਚ ਭੀੜ ਨੂੰ ਰੋਕਣ ਦੇ ਉਦੇਸ਼ ਨਾਲ ਅਪਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਸਾਰੀਆਂ ਮੰਡੀਆਂ ਵਿਚ 30 ਬਾਏ 30 ਮਾਰਕਿੰਗ ਕੀਤੀ ਗਈ ਹੈ, ਜਿਸ ਦੇ ਅੰਦਰ ਫ਼ਸਲ ਦੀ ਢੇਰੀ ਲਗਾਈ ਜਾਵੇਗੀ ਅਤੇ ਉੱਥੇ ਹੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ।
ਉਨ੍ਹਾਂ ਕਿਹਾ ਕਿ ਇਹ ਮਾਰਕਿੰਗ ਇਸ ਤਰੀਕੇ ਨਾਲ ਕੀਤੀ ਗਈ ਹੈ ਕਿ ਇੱਕ ਮਾਰਕਿੰਗ ਦੂਸਰੇ ਮਾਰਕਿੰਗ ਤੋਂ ਕਾਫ਼ੀ ਦੂਰ ਹੈ ਤਾਂ ਕਿ ਲੋਕ ਇੱਕ ਦੂਜੇ ਦੇ ਸੰਪਰਕ ਵਿਚ ਨਾ ਆਉਣ। ਇਸੇ ਤਰ੍ਹਾਂ ਮੰਡੀਆਂ ਵਿਚ ਆਉਣ ਵਾਲੀਆਂ ਟਰਾਲੀਆਂ ਦੀ ਐਂਟਰੀ ਗੇਟ 'ਤੇ ਹੀ ਸੈਨੇਟਾਈਜ਼ਰ ਕੀਤਾ ਜਾਵੇਗਾ। ਮੰਡੀਆਂ ਵਿਚ ਹੱਥ ਧੋਣ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਜਿੱਥੇ ਕਿਸਾਨ ਮੰਡੀਆਂ ਵਿਚ ਖੜ੍ਹੇ ਹੋਣਗੇ, ਜਿੱਥੇ ਕਣਕ ਦੀਆਂ ਬੋਰੀਆਂ ਰੱਖੀਆਂ ਜਾਣਗੀਆਂ, ਜਿੱਥੇ ਫ਼ਸਲਾਂ ਦੀ ਢੇਰੀਆਂ ਰੱਖੀਆਂ ਜਾਣਗੀਆਂ, ਜਿੱਥੇ ਪੱਖੇ ਨੂੰ ਸੁੱਕਣ ਲਈ ਲਾਇਆ ਜਾਵੇਗਾ ਅਤੇ ਕਿਥੇ ਮਜ਼ਦੂਰ ਖੜ੍ਹੇ ਹੋਣਗੇ, ਇਨ੍ਹਾਂ ਸਾਰੀਆਂ ਚੀਜ਼ਾਂ ਦੀ ਮਾਰਕੀਟਿੰਗ ਪਹਿਲਾਂ ਹੀ ਕਰਵਾਈ ਗਈ ਹੈ ਤਾਂ ਜੋ ਸੋਸ਼ਲ ਡਿਸਟੈਂਸਿੰਗ ਦੀ ਪਾਲਣਾ ਯਕੀਨੀ ਬਣਾਈ ਜਾ ਸਕੇ।
ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀਆਂ ਫ਼ਸਲਾਂ ਖ਼ਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਕਣਕ ਦਾ ਇੱਕ-ਇੱਕ ਦਾਣਾ ਖ਼ਰੀਦਿਆ ਜਾਵੇਗਾ, ਪਰ ਇਸ ਦੇ ਨਾਲ ਹੀ ਸਾਨੂੰ ਕੋਰੋਨਾ ਵਾਇਰਸ ਦੀ ਮਹਾਂਮਾਰੀ ਨੂੰ ਧਿਆਨ ਧਿਆਨ ਵਿੱਚ ਰੱਖਦਿਆਂ ਸੋਸ਼ਲ ਡਿਸਟੈਂਸਿੰਗ ਅਤੇ ਕਰਫ਼ਿਊ ਦੇ ਨਿਯਮਾਂ ਦਾ ਪੂਰਾ ਪਾਲਨ ਕਰਨਾ ਹੋਵੇਗਾ ਤਾਂ ਜੋ ਇਸ ਬਿਮਾਰੀ ਨੂੰ ਅੱਗੇ ਵਧਣ ਤੋ ਰੋਕਿਆਂ ਜਾ ਸਕੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫ਼ਿਰੋਜ਼ਪੁਰ

ਪ੍ਰੈਸ ਨੋਟ ਨੰ:3

ਫ਼ਿਰੋਜ਼ਪੁਰ ਜ਼ਿਲ੍ਹਾ ਕੋਰੋਨਾ ਮੁਕਤ, ਦਸਵੇਂ ਸ਼ੱਕੀ ਮਰੀਜ਼ ਦੀ ਰਿਪੋਰਟ ਵੀ ਆਈ ਨੈਗੇਟਿਵ:- ਡਿਪਟੀ ਕਮਿਸ਼ਨਰ

ਲੋਕਾਂ ਨੂੰ ਕੋਰੋਨਾ ਮੁਕਤ ਜ਼ਿਲ੍ਹੇ ਦੀ ਸਥਿਤੀ ਬਣਾਈ ਰੱਖਣ ਲਈ ਕਰਫ਼ਿਊ ਦਾ ਸਖ਼ਤੀ ਨਾਲ ਪਾਲਨ ਕਰਨ ਦਾ ਸੱਦਾ

ਫਿਰੋਜ਼ਪੁਰ 11 ਅਪ੍ਰੈਲ 2020

ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨੇ ਇੱਕ ਵਾਰ ਫਿਰ ਸਪਸ਼ਟ ਕੀਤਾ ਹੈ ਕਿ ਫਿਰੋਜ਼ਪੁਰ ਜ਼ਿਲ੍ਹਾ ਕੋਰੋਨਾ ਵਾਇਰਸ ਤੋਂ ਮੁਕਤ ਹੈ ਕਿਉਂਕਿ ਦਸਵੇਂ ਸ਼ੱਕੀ ਮਰੀਜ਼ ਦੀ ਲੈਬ ਰਿਪੋਰਟ ਵੀ ਨੈਗੇਟਿਵ ਆਈ ਹੈ। ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦਸਵੇਂ ਸ਼ੱਕੀ ਮਰੀਜ਼ ਦੇ ਨਮੂਨੇ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਦੇ ਵੀ.ਆਰ.ਡੀ.ਐਲ ਲੈਬ ਨੂੰ ਭੇਜੇ ਗਏ ਸਨ, ਜੋ ਕਿ ਨੈਗੇਟਿਵ ਪਾਏ ਗਏ, ਜਿਸ ਤੋਂ ਬਾਅਦ ਹੁਣ ਤੱਕ ਸਾਰੇ ਦਸ ਮਰੀਜ਼ਾਂ ਦੀਆਂ ਰਿਪੋਰਟਾਂ ਨੈਗੇਟਿਵ ਆਈਆਂ ਹਨ।

ਉਨ੍ਹਾਂ ਜ਼ਿਲ੍ਹੇ ਦੇ ਸਮੂਹ ਲੋਕਾਂ ਨੂੰ ਸੱਦਾ ਦਿੱਤਾ ਕਿ ਕੋਰੋਨਾ ਮੁਕਤ ਜ਼ਿਲ੍ਹੇ ਦੀ ਸਥਿਤੀ ਬਣਾਈ ਰੱਖਣ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਲਈ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਫੈਲਣ ਤੋਂ ਰੋਕਣ ਲਈ ਕਰਫ਼ਿਊ ਅਤੇ ਸਰਕਾਰ ਦੇ ਵੱਖ ਵੱਖ ਦਿਸ਼ਾ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨੀ ਚਾਹੀਦੀ ਹੈ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋ ਰੋਕਿਆ ਜਾ ਸਕੇ। ਲੋਕ ਆਪਣੇ ਘਰਾਂ ਵਿਚ ਹੀ ਰਹਿਣ ਅਤੇ ਕਰਫ਼ਿਊ ਪੀਰੀਅਡ ਦੇ ਦੌਰਾਨ ਘਰਾਂ ਵਿਚੋਂ ਬਿਲਕੁਲ ਬਾਹਰ ਨਾ ਨਿਕਲਣ। ਉਨ੍ਹਾਂ ਨੇ ਲੋਕਾਂ ਨੂੰ ਘਰ ਦੇ ਅੰਦਰ ਰਹਿਣ ਅਤੇ ਇਸ ਨੂੰ ਲੋਕ ਲਹਿਰ ਵਿੱਚ ਬਦਲਣ ਦਾ ਸੱਦਾ ਦਿੱਤਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕ ਕਰਫ਼ਿਊ ਦੇ ਦੌਰਾਨ ਲੋਕਾਂ ਨੂੰ ਰਾਸ਼ਨ,ਦੁੱਧ ਦਹੀਂ, ਦਵਾਈਆਂ, ô

ਫਲ-ਸਬਜ਼ੀਆਂ ਅਤੇ ਹੋਰ ਜ਼ਰੂਰੀ ਵਸਤਾਂ ਦੀ ਸਪਲਾਈ ਘਰ ਤੱਕ ਪਹੁੰਚਣ ਦੇ ਲਈ ਵੱਡੀ ਪੱਧਰ ਤੇ ਪੱਧਰ 'ਤੇ ਪ੍ਰਬੰਧ ਕੀਤੇ ਗਏ ਹਨ ਅਤੇ ਵੱਖ-ਵੱਖ ਦੁਕਾਨਦਾਰਾਂ ਨੂੰ ਹੋਮ ਡਿਲਿਵਰੀ ਦੇ ਲਈ ਕਰਫ਼ਿਊ ਪਾਸ ਬਣਾ ਕੇ ਦਿੱਤੇ ਗਏ ਹਨ।

ਇਸ ਤੋ ਇਲਾਵਾ ਗ਼ਰੀਬ ਅਤੇ ਲੋੜਵੰਦਾਂ ਲੋਕਾਂ ਲਈ ਜ਼ਿਲ੍ਹੇ ਦੀਆਂ ਕਰੀਬ 70 ਐਨ.ਜੀ.ਓ ਲੰਗਰ ਸੇਵਾ ਚਲਾ ਰਹੀਆਂ ਹਨ ਅਤੇ ਰੋਜ਼ਾਨਾ 50,000 ਹਜ਼ਾਰ ਦੇ ਕਰੀਬ ਲੋਕਾਂ ਲਈ ਲੰਗਰ ਤਿਆਰ ਕੀਤਾ ਜਾ ਰਿਹਾ ਹੈ।

ਸਿਵਲ ਸਰਜਨ ਡਾ: ਨਵਦੀਪ ਸਿੰਘ ਨੇ ਦੱਸਿਆ ਕਿ ਦਸਵੇਂ  ਸ਼ੱਕੀ ਮਰੀਜ਼ ਦਾ ਸੈਂਪਲ 9 ਅਪ੍ਰੈਲ ਨੂੰ ਲਿਆ ਗਿਆ ਸੀ, ਜਿਸ ਨੂੰ ਅੰਮ੍ਰਿਤਸਰ ਮੈਡੀਕਲ ਕਾਲਜ ਭੇਜਿਆ ਗਿਆ ਸੀ। ਨਮੂਨੇ ਦੀ ਰਿਪੋਰਟ ਨੈਗੇਟਿਵ ਆਈ ਅਤੇ ਇਸ ਤੋਂ ਪਹਿਲਾਂ ਸਾਰੇ 9 ਸੈਂਪਲਾਂ ਦੀ ਰਿਪੋਰਟ ਵੀ ਨੈਗੇਟਿਵ ਆਈ ਸੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ
ਪ੍ਰੈਸ ਨੋਟ ਨੰ:4

ਜੇਕਰ ਕਿਸੇ ਵਿਅਕਤੀ ਨੂੰ ਖਾਂਸੀ, ਬੁਖ਼ਾਰ, ਜ਼ੁਕਾਮ ਅਤੇ ਸਾਹ ਲੈਣ ਵਿੱਚ ਤਕਲੀਫ਼ ਹੈ ਤਾਂ ਉਹ ਆਪਣਾ ਕੋਵਿਡ-19 ਟੈਸਟ ਜ਼ਰੂਰ ਭੇਜੇ- ਸਿਵਲ ਸਰਜਨ

ਫਿਰੋਜ਼ਪੁਰ 11 ਅਪ੍ਰੈਲ 2020

ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਇੰਡੀਅਨ ਕੌਂਸਲ ਆਫ਼ ਮੈਡੀਕਲ ਰਿਸਰਚ ਅਤੇ ਮਨਿਸਟਰੀ ਆਫ਼ ਹੈਲਥ ਐਂਡ ਫੈਮਿਲੀ ਵੈੱਲਫੇਅਰ ਨੇ ਕੋਵਿਡ-19 ਦੇ ਟੈਸਟਿੰਗ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਹਨ, ਜਿਨ੍ਹਾਂ ਅਨੁਸਾਰ ਜੇਕਰ ਕੋਈ ਵਿਅਕਤੀ ਪਿਛਲੇ 14 ਦਿਨ ਤੋਂ ਕਿਸੇ ਵੀ ਬਾਹਰਲੇ ਮੁਲਕ ਤੋਂ ਆਇਆ ਹੋਵੇ ਜਾਂ ਉਸ ਨੂੰ ਲੱਗਦਾ ਹੈ ਕਿ ਉਹ ਪਾਜ਼ੀਟਿਵ ਮਰੀਜ਼ ਦੇ ਸੰਪਰਕ ਵਿੱਚ ਆਇਆ ਹੈ ਤੇ ਉਸ ਨੂੰ ਖਾਂਸੀ, ਬੁਖ਼ਾਰ, ਜ਼ੁਕਾਮ ਅਤੇ ਸਾਹ ਲੈਣ ਵਿੱਚ ਤਕਲੀਫ਼ ਹੋ ਰਹੀ ਹੈ ਤਾਂ ਉਸ ਦਾ ਕੋਵਿਡ-19 ਲਈ ਆਰ.ਟੀ. ਪੀ.ਸੀ.ਆਰ.ਟੈੱਸਟ ਭੇਜਣਾ ਜ਼ਰੂਰੀ ਹੈ।

ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵਿੱਚ ਕੰਮ ਕਰਦੇ ਸਿਹਤ ਕਰਮਚਾਰੀ /ਅਧਿਕਾਰੀ ਜੋ ਆਮ ਮਰੀਜ਼ਾਂ ਨਾਲ ਵਿਚਰਦੇ ਹੋਣ ਅਤੇ ਉਨ੍ਹਾਂ ਨੂੰ ਫਲੂ ਦੇ ਲੱਛਣ ਹੋਣ ਜਾਂ ਫਿਰ ਉਨ੍ਹਾਂ ਨੂੰ ਖਾਂਸੀ, ਸਾਹ ਲੈਣ ਵਿੱਚ ਤਕਲੀਫ਼ ਸ਼ੁਰੂ ਹੋਈ ਹੋਵੇ ਅਤੇ ਉਨ੍ਹਾਂ ਦੀ ਸਾਹ ਦਰ 24 ਪ੍ਰਤੀ ਮਿੰਟ ਤੋਂ ਜ਼ਿਆਦਾ, ਉੱਪਰ ਵਾਲਾ ਬਲੱਡ ਪ੍ਰੈਸ਼ਰ 90 ਤੋਂ ਘੱਟ ਅਤੇ ਖ਼ੂਨ ਵਿੱਚ ਆਕਸੀਜਨ ਦੀ ਮਾਤਰਾ 94 ਪ੍ਰਤੀਸ਼ਤ ਤੋਂ ਘੱਟ ਹੋਵੇ, ਉਹ ਮਰੀਜ਼ ਕਿਸੇ ਪੁਰਾਣੀ ਸਾਹ ਦੀ ਤਕਲੀਫ਼, ਦਿਲ ਦੀ ਤਕਲੀਫ਼, ਛਾਤੀ ਦੀ ਸੱਟ ਅਤੇ ਗੁਰਦਿਆਂ ਦੀ ਤਕਲੀਫ਼ ਕਰਕੇ ਡਾਇਲੈਸਿਸ ਤੇ ਨਾ ਹੋਵੇ। ਹਾਈ ਰਿਸਕ ਮਰੀਜ਼ ਜਿਨ੍ਹਾਂ ਦੀ ਉਮਰ 60 ਸਾਲ ਤੋਂ ਜ਼ਿਆਦਾ, ਬਲੱਡ ਪ੍ਰੈਸ਼ਰ ਦੀ ਤਕਲੀਫ਼ , ਸ਼ੂਗਰ, ਸਾਹ ਦੀ ਤਕਲੀਫ਼, ਮੋਟਾਪਾ,ਕੈਂਸਰ ਅਤੇ ਗਰਭਵਤੀ ਔਰਤਾਂ ਆਦਿ ਹੋਣ ਅਤੇ ਉਹ ਮਰੀਜ਼ ਪਾਜ਼ੀਟਿਵ ਕੇਸ ਦੇ ਸੰਪਰਕ ਵਿੱਚ ਆਏ ਹੋਣ ਭਾਵੇਂ ਚਿੰਨ੍ਹ ਲੱਛਣ ਨਾ ਵੀ ਹੋਣ। ਇਹੋ ਜਿਹੇ ਵਿਅਕਤੀ ਦਾ ਸੰਪਰਕ ਵਿੱਚ ਆਉਣ ਤੋਂ 5 ਤੋਂ 14 ਦਿਨਾਂ ਦੇ ਵਿਚਕਾਰ ਸੈਂਪਲ ਲੈਣਾ ਜ਼ਰੂਰੀ ਹੈ। ਡਾ. ਹੁਸਨ ਲਾਲ ਨੇ ਦੱਸਿਆ ਕਿ 1 ਹਜ਼ਾਰ ਦੀ ਆਬਾਦੀ ਵਾਲੇ ਪੇਂਡੂ ਖੇਤਰ/ ਸ਼ਹਿਰੀ ਵਾਰਡ ਵਿੱਚ ਇੱਕ ਹਫ਼ਤੇ ਦੇ ਅੰਦਰ ਦੋ ਮਰੀਜ਼ ਇਹੋ ਜਿਹੇ ਹੋਣ ਜਿਨ੍ਹਾਂ ਨੂੰ ਅਚਾਨਕ ਸਾਹ ਦੀ ਗੰਭੀਰ ਸਮੱਸਿਆ ਹੋਈ ਹੋਵੇ ਨੂੰ ਕਲੱਸਟਰ/ ਹੋਟਸਪੋਟ ਕਿਹਾ ਜਾਵੇਗਾ ਅਤੇ ਉਸ ਇਲਾਕੇ ਵਿੱਚ ਰਹਿੰਦੇ ਲੋਕਾਂ ਦਾ ਟੈਸਟ ਕਰਵਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ 1 ਹਜ਼ਾਰ ਦੀ ਆਬਾਦੀ ਵਾਲੇ ਪੇਂਡੂ ਖੇਤਰ/ ਸ਼ਹਿਰੀ ਵਾਰਡ ਵਿੱਚ ਇੱਕ ਹਫ਼ਤੇ ਦੇ ਅੰਦਰ 10 ਤੋਂ ਜ਼ਿਆਦਾ ਕੇਸ ਨਜ਼ਲਾ, ਜ਼ੁਕਾਮ, ਬੁਖ਼ਾਰ ,ਖਾਂਸੀ ਵਾਲੇ ਹੋਣ ਤਾਂ ਇਸ ਇਲਾਕੇ ਦੇ ਟੈਸਟ ਹੋਣੇ ਜ਼ਰੂਰੀ ਹਨ। ਕਲੱਸਟਰ/ ਹਾਟਸਪਾਟ ਇਲਾਕੇ ਅਧੀਨ ਆਉਂਦੇ ਵਿਅਕਤੀਆਂ ਵਿੱਚ ਲੱਛਣ ਆਉਣ ਤੋਂ 7 ਦਿਨ ਬਾਅਦ ਰੈਪਿਡ ਟੈੱਸਟ ਕੀਤਾ ਜਾਵੇਗਾ। ਇਸ ਤੋਂ ਇਲਾਵਾ ਆਰ.ਟੀ.ਪੀ. ਸੀ.ਆਰ ਟੈਸਟ ਲੱਛਣ ਆਉਣ ਤੋਂ ਤੁਰੰਤ ਬਾਅਦ ਹੀ ਸੈਂਪਲ ਲੈ ਕੇ ਟੈਸਟ ਲਈ ਭੇਜਣਾ ਹੁੰਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫਿਰੋਜ਼ਪੁਰ
ਪ੍ਰੈਸ ਨੋਟ ਨੰ:5

ਜ਼ਿਲ੍ਹੇ ਦੇ ਸਕਿੱਲ ਡਿਵੈਲਪਮੈਂਟ ਸੈਂਟਰ ਵਿੱਚ ਪ੍ਰੋਟੇਕਟਿਵ ਮਾਸਕ ਦਾ ਨਿਰਮਾਣ ਸ਼ੁਰੂ, ਵਿਧਾਇਕ ਪਿੰਕੀ ਨੇ ਲਿਆ ਜਾਇਜ਼ਾ
ਕਿਹਾ, ਸਾਰੇ ਸੈਂਟਰ ਅਤੇ ਕੁੱਝ ਦਰਜ਼ੀਆਂ ਨੂੰ ਉਪਲਬਧ ਕਰਵਾ ਰਹੇ ਹਨ ਕੱਪੜਾ ਤਾਂਕਿ ਜ਼ਿਲ੍ਹੇ ਲਈ ਬਣਵਾਏ ਜਾ ਸਕਣ ਜ਼ਿਆਦਾ ਤੋ ਜ਼ਿਆਦਾ ਪ੍ਰੋਟੇਕਟਿਵ ਮਾਸਕ

ਫ਼ਿਰੋਜ਼ਪੁਰ11ਅਪ੍ਰੈਲ 2020
ਜ਼ਿਆਦਾ ਤੋ ਜ਼ਿਆਦਾ ਪ੍ਰੋਟੇਕਟਿਵ ਮਾਸਕ ਪਹੁੰਚਾਉਣ ਦੀ ਮੁਹਿੰਮ ਦੇ ਤਹਿਤ ਜ਼ਿਲ੍ਹੇ ਦੇ ਸਕਿਲ ਡਿਵੈਲਪਮੈਂਟ ਸੈਂਟਰ ਵਿੱਚ ਪ੍ਰੋਟੇਕਟਿਵ ਮਾਸਕ ਬਣਾਉਣ ਦਾ ਅਭਿਆਨ ਸ਼ੁਰੂ ਕੀਤਾ ਗਿਆ ਹੈ, ਜਿਸਦਾ ਜਾਇਜ਼ਾ ਲੈਣ ਲਈ ਸ਼ਨੀਵਾਰ ਨੂੰ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਇਸ ਸੈਂਟਰ ਵਿੱਚ ਪੁੱਜੇ । ਵਿਧਾਇਕ ਪਿੰਕੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਸਕ ਨੂੰ ਲਾਜ਼ਮੀ ਬਣਾਇਆ ਗਿਆ ਹੈ, ਜਿਸ ਦੇ ਤਹਿਤ ਜ਼ਿਆਦਾ ਤੋ ਜ਼ਿਆਦਾ ਲੋਕਾਂ ਤੱਕ ਇਹ ਮਾਸਕ ਪੁੱਜੇ, ਇਸ ਦੇ ਲਈ ਅਸੀਂ ਮਿਲ ਕੇ ਕੋਸ਼ਿਸ਼ ਕਰ ਰਹੇ ਹਨ । ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਦੇ ਤਿੰਨ ਪ੍ਰਮੁੱਖ ਸਕਿਲ ਡਿਵੈਲਪਮੈਂਟ ਸੈਂਟਰ ਵਿੱਚ ਸਟੀਚਿੰਗ ਦੀ ਟ੍ਰੇਨਿੰਗ ਲੈ ਰਹੇ ਵਿਦਿਆਰਥੀਆਂ ਵੱਲੋਂ ਇਹ ਮਾਸਕ ਤਿਆਰ ਕਰਵਾਏ ਜਾ ਰਹੇ ਹਨ। ਇਸ ਤੋ ਇਲਾਵਾ ਕੁੱਝ ਦਰਜ਼ੀਆਂ ਵੱਲੋਂ ਵੀ ਮਾਸਕ ਬਣਵਾਏ ਜਾ ਰਹੇ ਹਨ। ਇਨ੍ਹਾਂ ਸਾਰੇ ਸੈਂਟਰਾਂ ਅਤੇ ਦਰਜੀਆਂ ਨੂੰ ਉਨ੍ਹਾਂ ਦੇ ਵੱਲੋਂ ਕੱਪੜਾ ਉਪਲਬਧ ਕਰਵਾਇਆ ਗਿਆ ਹੈ ਅਤੇ ਦਰਜ਼ੀ ਮਨੁੱਖਤਾ ਦੇ ਪ੍ਰਤੀ ਆਪਣੇ ਫ਼ਰਜ਼ ਨੂੰ ਸਮਝਦੇ ਹੋਏ ਮੁਫ਼ਤ ਪ੍ਰੋਟੇਕਟਿਵ ਮਾਸਕ ਬਣਾਉਣ ਦੀ ਸੇਵਾ ਕਰ ਰਹੇ ਹਨ ।
ਵਿਧਾਇਕ ਸ੍ਰ. ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਤਿਆਰ ਹੋਏ ਮਾਸਕ ਦੀ ਪਹਿਲੀ ਖੇਪ ਨੂੰ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਲੋਕਾਂ ਨੂੰ ਵੰਡ ਦਿੱਤੇ ਗਏ ਹਨ ਅਤੇ ਰੋਜ਼ਾਨਾ ਤਿਆਰ ਮਾਸਕ ਲੋਕਾਂ ਵਿੱਚ ਵੰਡੇ ਜਾਣਗੇ । ਉਨ੍ਹਾਂ ਨੇ ਦੱਸਿਆ ਕਿ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਣ ਵਾਲੀ ਹੈ । ਇੱਥੇ ਆਉਣ ਵਾਲੇ ਕਿਸਾਨਾਂ, ਲੇਬਰ ਅਤੇ ਆੜ੍ਹਤੀਆਂ ਵਿੱਚ ਵੀ ਇਹ ਪ੍ਰੋਟੇਕਟਿਵ ਮਾਸਕ ਵੰਡੇ ਜਾਣਗੇ ਤਾਂਕਿ ਮੰਡੀਆਂ ਵਿੱਚ ਕੋਰੋਨਾ ਦੀ ਬਿਮਾਰੀ ਨੂੰ ਫੈਲਣ ਦੀ ਕਿਸੇ ਵੀ ਤਰ੍ਹਾਂ ਦੀ ਸੰਭਾਵਨਾ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਸਾਨੂੰ ਸਾਰੀਆਂ ਨੂੰ ਮਿਲ ਕੇ ਖੜ੍ਹਾ ਹੋਣਾ ਹੋਵੇਗਾ ਅਤੇ ਪਾਰਟੀ ਪੱਧਰ ਤੋ ਉੱਪਰ ਉੱਠ ਕੇ ਕੰਮ ਕਰਨਾ ਹੋਵੇਗਾ, ਤਾਂ ਹੀ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਖ਼ਿਲਾਫ਼ ਚੱਲ ਰਹੀ ਇਸ ਜੰਗ ਨੂੰ ਜਿੱਤਿਆ ਜਾ ਸਕਦਾ ਹੈ । ਵਿਧਾਇਕ ਨੇ ਕਿਹਾ ਕਿ ਸਰਕਾਰ ਦੇ ਵੱਲੋਂ ਕੋਰੋਨਾ ਵਾਇਰਸ ਦੇ ਪ੍ਰਸਾਰ ਨੂੰ ਰੋਕਣ ਲਈ ਕਈ ਕਦਮ ਚੁੱਕੇ ਜਾ ਰਹੇ ਹਨ ਅਤੇ ਇਨ੍ਹਾਂ ਕੋਸ਼ਿਸ਼ਾਂ ਦੇ ਤਹਿਤ ਮਾਸਕ ਪਹਿਨਣਾ ਜ਼ਰੂਰੀ ਬਣਾਇਆ ਗਿਆ ਹੈ ।